# ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਬਠਿੰਡਾ

deose.bathinda@punjabeducation.gov.in

ਵੱਲ

ਸਮੂਹ ਸਕੂਲ ਮੁੱਖੀ,

ਜਿਲ੍ਹਾ ਬਠਿੰਡਾ।

ਪੱਤਰ ਨੰ: ਜੀ-1/()/2025/1643

ਮਿਤੀ ਬਠਿੰਡਾ : 12/08/2025

ਵਿਸ਼ਾ: ਏਕ ਪੇੜ ਮਾਂ ਕੇ ਨਾਮ' ਰੁੱਖ ਲਗਾਉਣ ਅਤੇ ਨੋਟੀਫਿਕੇਸ਼ਨ ਅਪਲੋਡ ਕਰਨ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਅੱਜ ਮੁੱਖ ਦਫ਼ਤਰ ਵੱਲੋਂ ਲਈ ਗਈ ਵੀਡੀਓ ਕਾਨਫਰੰਸਿੰਗ (V.C.) ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਬਠਿੰਡਾ ਜ਼ਿਲ੍ਹੇ ਦੀ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਵਿੱਚ ਭਾਗੀਦਾਰੀ ਬਹੁਤ ਹੀ ਚਿੰਤਾਜਨਕ ਅਤੇ ਨਿਰਾਸ਼ਾਜਨਕ ਹੈ। ਆਪ ਜੀ ਨੂੰ ਇਸ ਪੱਤਰ ਨਾਲ ਸਕੂਲਾਂ ਦੀ ਇੱਕ ਸੂਚੀ ਭੇਜੀ ਜਾ ਰਹੀ ਹੈ, ਜਿਸ ਵਿੱਚ ਬਠਿੰਡਾ ਜ਼ਿਲ੍ਹੇ ਦੇ ਵੱਡੀ ਗਿਣਤੀ ਵਿੱਚ ਸਕੂਲ ਅਜਿਹੇ ਹਨ ਜਿਨ੍ਹਾਂ ਨੇ ਅਜੇ ਤੱਕ ਇਸ ਮੁਹਿੰਮ ਤਹਿਤ ਨੋਟੀਫ਼ਿਕੇਸ਼ਨ ਅਪਲੋਡ ਨਹੀਂ ਕੀਤਾ ਹੈ। ਇਹ ਸਥਿਤੀ ਗੈਰ-ਜ਼ਿੰਮੇਵਾਰਾਨਾ ਅਤੇ ਬਹੁਤ ਹੀ ਗੰਭੀਰ ਹੈ।

ਆਪ ਸਭ ਨੂੰ ਸਖ਼ਤ ਹਦਾਇਤ ਕੀਤੀ ਜਾਂਦੀ ਹੈ ਕਿ ਤੁਸੀਂ ਤੁਰੰਤ ਆਪਣੇ ਅਧੀਨ ਆਉਂਦੇ ਸਮੂਹ ਸਰਕਾਰੀ,ਪ੍ਰਾਈਵੇਟ, ਏਡਿਡ, ਮਾਨਤਾ ਪ੍ਰਾਪਤ ਪੈਂਡਿੰਗ ਸਕੂਲਾਂ ਤੋਂ ਇਹ ਕੰਮ ਕਰਵਾਉਣਾ ਯਕੀਨੀ ਬਣਾਓ। ਹਰੇਕ ਸਕੂਲ ਵੱਲੋਂ ਪੋਰਟਲ 'ਤੇ ਜਾ ਕੇ ਈਕੋ ਕਲੱਬ ਦਾ ਨਿਰਮਾਣ ਕਰਨਾ ਅਤੇ ਇਸ ਸਬੰਧੀ ਨੋਟੀਫਿਕੇਸ਼ਨ ਮਿਤੀ 13/08/2025 ਤੱਕ ਅਪਲੋਡ ਕਰਨਾ ਲਾਜ਼ਮੀ ਹੈ।

ਇਸ ਕਾਰਜ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਜਾਂ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਨਿਰਧਾਰਿਤ ਮਿਤੀ ਤੱਕ ਕੰਮ ਪੂਰਾ ਨਾ ਕਰਨ ਵਾਲੇ ਸਕੂਲਾਂ ਅਤੇ ਸੰਬੰਧਤ ਅਧਿਕਾਰੀਆਂ ਖਿਲਾਫ਼ ਸਖ਼ਤ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ, ਜਿਸ ਦੇ ਨਤੀਜੇ ਦੀ ਜ਼ਿੰਮੇਵਾਰੀ ਖੁਦ ਤੁਹਾਡੀ ਹੋਵੇਗੀ।

ਇਸ ਨੂੰ ਅਤਿ-ਜ਼ਰੂਰੀ ਸਮਝਿਆ ਜਾਵੇ।

12/8

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.)

ਬਠਿੰਡਾ।

12/08/25

Scanned with CamScanner